# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 14-09-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ  ਨਰੇਂਦਰ ਮੋਦੀ ਨੇ ਕਿਹਾ-ਭਾਰਤ ਊਰਜਾ ਖੇਤਰ ਵਿੱਚ ਆਤਮ-ਨਿਰਭਰ ਬਣਨ ਦੇ ਮਿਸ਼ਨ 'ਤੇ ਏ ਅਤੇ ਵਿਦੇਸ਼ੀ ਈਂਧਨ 'ਤੇ ਨਿਰਭਰਤਾ ਘਟ ਕਰ ਰਿਹਾ ਏ।
- ਅੱਜ ਦੇਸ਼ ਭਰ ਵਿੱਚ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਵਲੋਂ ਲੋਕਾਂ ਨੂੰ ਹਿੰਦੀ ਸਮੇਤ ਸਾਰੀਆਂ ਭਾਰਤੀ ਭਾਸ਼ਾਵਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਅਹਿਦ ਲੈਣ ਦੀ ਅਪੀਲ।
- ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਤੇ ਐਲ. ਮੁਰੂਗਨ ਵੱਲੋਂ ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਦਾ ਦੌਰਾ- ਕਿਹਾ ਇਹ ਸਮਾਂ ਰਾਜਨੀਤੀ ਕਰਨ ਦਾ ਨਹੀਂ ਸਗੋਂ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਖੜ੍ਹੇ ਹੋਣ ਦਾ ਏ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਹੜ੍ਹਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਖਿਲਾਫ ਲੜਾਈ ਲਈ ਸਾਰੇ ਸਰੋਤ ਜੁਟਾਉਣ ਦੇ ਹੁਕਮ ਜਾਰੀ।
- ਫ਼ਿਰੋਜਪੁਰ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫਾਸ਼ ਕਰਦਿਆਂ ਇਕ ਵਿਅਕਤੀ ਨੂੰ 15 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ।
- ਟਵੈਂਟੀ-ਟਵੈਂਟੀ ਏਸ਼ੀਆ ਕੱਪ ਕ੍ਰਿਕਟ ਦੇ ਗਰੁੱਪ-ਏ 'ਚ, ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ - ਮੈਚ ਰਾਤ 8 ਵਜੇ ਖੇਡਿਆ ਜਾਵੇਗਾ।

**ਹੁਣ ਖਬਰਾਂ ਵਿਸਥਾਰ ਨਾਲ....**

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਊਰਜਾ ਖੇਤਰ ਵਿੱਚ ਆਤਮ-ਨਿਰਭਰ ਬਣਨ ਦੇ ਮਿਸ਼ਨ 'ਤੇ ਏ ਅਤੇ ਵਿਦੇਸ਼ੀ ਈਂਧਨ 'ਤੇ ਨਿਰਭਰਤਾ ਘਟ ਕਰ ਰਿਹਾ ਏ। ਉਨ੍ਹਾਂ ਨੇ ਅੱਜ ਦੁਪਹਿਰ ਗੋਲਾਘਾਟ ਜ਼ਿਲ੍ਹੇ ਵਿੱਚ, ਭਾਰਤ ਦੀ ਪਹਿਲੀ ਬਾਂਸ-ਅਧਾਰਤ ਬਾਇਓ-ਰਿਫਾਇਨਰੀ ਦਾ ਉਦਘਾਟਨ ਕੀਤਾ। ਬਾਇਓ-ਈਥੇਨੌਲ ਪਲਾਂਟ ਦੇ ਉਦਘਾਟਨ ਦੇ ਮੌਕੇ ਇੱਕ ਵਿਸ਼ਾਲ ਇਕੱਠ

ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ । BYTE: -----------------------------------------------------------

ਅੱਜ ਦੇਸ਼ ਭਰ ਵਿੱਚ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ । 1949 ਵਿੱਚ ਇਸ ਦਿਨ, ਸੰਵਿਧਾਨ ਸਭਾ ਨੇ ਦੇਵਨਾਗਰੀ ਲਿਪੀ ਵਿੱਚ ਹਿੰਦੀ ਨੂੰ ਦੇਸ਼ ਦੀ ਰਾਜ ਭਾਸ਼ਾ ਵਜੋਂ ਸਵੀਕਾਰ ਕੀਤਾ ਸੀ। ਅੱਜ, ਹਿੰਦੀ ਦੁਨੀਆ ਵਿੱਚ ਸਭ ਤੋਂ ਵੱਧ ਬੋਲੀ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਇੱਕ ਏ ਅਤੇ 52 ਕਰੋੜ ਤੋਂ ਵੱਧ ਲੋਕਾਂ ਦੀ ਪਹਿਲੀ ਭਾਸ਼ਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਿੰਦੀ ਦਿਵਸ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਹਿੰਦੀ ਸਿਰਫ਼ ਸੰਚਾਰ ਦਾ ਮਾਧਿਅਮ ਨਹੀਂ, ਸਗੋਂ ਇਹ ਦੇਸ਼ ਦੀ ਪਛਾਣ ਅਤੇ ਕਦਰਾਂ-ਕੀਮਤਾਂ ਦੀ ਇੱਕ ਵਿਰਾਸਤ ਏ । ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ 'ਤੇ ਹਿੰਦੀ ਪ੍ਰਤੀ ਵਧਦਾ ਸਤਿਕਾਰ ਦੇਸ਼ ਲਈ ਮਾਣ ਅਤੇ ਪ੍ਰੇਰਨਾ ਦਾ ਵਿਸ਼ਾ ਏ । ਸ੍ਰੀ ਮੋਦੀ ਨੇ ਲੋਕਾਂ ਨੂੰ ਹਿੰਦੀ ਸਮੇਤ ਸਾਰੀਆਂ ਭਾਰਤੀ ਭਾਸ਼ਾਵਾਂ ਨੂੰ ਅਮੀਰ ਬਣਾਉਣ ਅਤੇ ਉਨ੍ਹਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਪ੍ਰਣ ਲੈਣ ਦੀ ਅਪੀਲ ਕੀਤੀ ਏ । -----------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਹਿੰਦੀ, ਦੇਸ਼ ਦੀਆਂ ਭਾਸ਼ਾਵਾਂ ਅਤੇ ਬੋਲੀਆਂ ਵਿਚਕਾਰ ਇੱਕ ਪੁਲ ਦਾ ਕੰਮ ਕਰਦੀ ਏ ।

ਅੱਜ ਹਿੰਦੀ ਦਿਵਸ 'ਤੇ ਸ਼ੁਭਕਾਮਨਾਵਾਂ ਦਿੰਦਿਆਂ, ਉਨ੍ਹਾਂ ਕਿਹਾ ਕਿ ਹਿੰਦੀ, ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਦੀ ਏ ਅਤੇ ਤਕਨਾਲੋਜੀ, ਵਿਗਿਆਨ ਅਤੇ ਖੋਜ ਦੀ ਭਾਸ਼ਾ ਦੇ ਰੂਪ ਵਿੱਚ ਵੀ ਉੱਭਰ ਰਹੀ ਏ। ਗ੍ਰਹਿ ਮੰਤਰੀ ਨੇ ਕਿਹਾ ਕਿ, ਸਾਲ 2014 ਤੋਂ ਸਰਕਾਰੀ ਕੰਮ-ਕਾਜ ਵਿੱਚ ਹਿੰਦੀ ਦੀ ਵਰਤੋਂ ਲਗਾਤਾਰ ਵਧੀ ਏ।

-----------------------------------------------------------

ਪੰਜਾਬ ਦੇ ਦੋ ਦਿਨਾਂ ਦੌਰੇ 'ਤੇ ਆਏ ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਐਲ. ਮੁਰੂਗਨ ਨੇ ਕਿਹਾ ਕਿ ਇਹ ਸਮਾਂ ਰਾਜਨੀਤੀ ਕਰਨ ਦਾ ਨਹੀਂ ਸਗੋਂ ਸੂਬੇ ਦੇ ਹੜ੍ਹ ਪੀੜਤਾਂ ਨਾਲ ਖੜ੍ਹੇ ਹੋਣ ਦਾ ਏ । ਉਨ੍ਹਾਂ ਇਹ ਗੱਲ ਅੱਜ ਰੂਪਨਗਰ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਇੱਕ ਸਵਾਲ ਦੇ ਜਵਾਬ ਵਿੱਚ ਕਹੀ, ਕਿ ਜਿਸ ਵਿਚ ਪੁੱਛਿਆ ਗਿਆ ਸੀ ਕਿ ਆਮ ਆਦਮੀ ਪਾਰਟੀ ਸਮੇਤ ਵੱਖ-ਵੱਖ ਰਾਜਨੀਤਿਕ ਪਾਰਟੀਆਂ, BJP ਦੇ ਆਗੂਆਂ ਵੱਲੋਂ ਹੜ੍ਹ ਦੀ ਸਥਿਤੀ ਦਾ ਜਾਇਜ਼ਾ ਲੈਣ ਦੀ ਆੜ ਵਿੱਚ, ਫੋਟੋਆਂ ਖਿਚਵਾਉਣ ਲਈ ਸੂਬੇ ਦਾ ਦੌਰਾ ਕਰਨ 'ਤੇ ਸਵਾਲ ਉਠਾਏ ਜਾ ਰਹੇ ਨੇ ।BYTE:

ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਕੋਲ ਪਹਿਲਾਂ ਹੀ ਪਏ 12,000 ਕਰੋੜ ਰੁਪਏ ਨੂੰ, ਪਹਿਲਾਂ ਸੂਬਾ ਆਫ਼ਤ ਪ੍ਰਬੰਧਨ ਫੰਡ ਤਹਿਤ ਵਰਤਣਾ

ਪਵੇਗਾ, ਫਿਰ ਸੂਬਾ ਸਰਕਾਰ ਨੂੰ ਹੋਰ ਫੰਡ ਮੰਗਣ ਲਈ ਆਪਣਾ ਵਰਤੋਂ ਸਰਟੀਫਿਕੇਟ ਜਮ੍ਹਾ ਕਰਨਾ ਪਵੇਗਾ । ਉਨ੍ਹਾਂ ਕਿਹਾ ਕਿ ਸੂਬੇ ਦੇ ਮੰਤਰੀਆ ਨੂੰ ਖੁਦ ਰਾਜ ਕੋਲ ਪਏ ਫੰਡਾਂ ਦੀ ਜਾਣਕਾਰੀ ਨਹੀਂ ਏ । ਇਹ ਦੁਹਰਾਉਂਦੇ ਹੋਏ ਕਿ ਗੈਰ-ਕਾਨੂੰਨੀ ਮਾਈਨਿੰਗ ਪੰਜਾਬ ਵਿੱਚ ਆਏ ਹੜ੍ਹਾਂ ਦੇ ਪ੍ਰਭਾਵ ਦੇ ਮੁੱਖ ਮੁੱਦਿਆਂ ਵਿੱਚੋਂ ਇੱਕ ਏ , ਸ਼੍ਰੀ ਮੁਰੂਗਨ ਨੇ ਪੁੱਛਿਆ ਕਿ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਆਪਣਾ ਸੂਬਾ ਸ਼ੁਰੂ ਵਿੱਚ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਸੀ ਤਾਂ ਉਹ ਦੂਜੇ ਸੂਬਿਆਂ ਵਿੱਚ ਕੀ ਕਰ ਰਹੇ ਸਨ । ਇਸ ਦੌਰਾਨ, ਮੰਤਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਕੇਂਦਰ ਦੇ ਹੋਰ ਮੰਤਰੀ ਪ੍ਰਭਾਵਿਤ ਲੋਕਾਂ ਨਾਲ ਰਹਿਣ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦਾ ਦੌਰਾ ਕਰਨਗੇ। ਉਨ੍ਹਾਂ ਕਿਹਾ ਕਿ ਅੰਤਰ-ਮੰਤਰਾਲਾ ਟੀਮਾਂ ਵੀ ਖੇਤਰ ਵਿੱਚ ਨੇ ਅਤੇ ਇੱਕ ਵਾਰ ਜਦੋਂ ਉਹ ਆਪਣੀਆਂ ਰਿਪੋਰਟਾਂ ਜਮ੍ਹਾਂ ਕਰ ਦੇਣਗੀਆਂ, ਤਾਂ ਰਾਜ ਲਈ ਹੋਰ ਰਾਹਤ 'ਤੇ ਵਿਚਾਰ ਕੀਤਾ ਜਾਵੇਗਾ।

---------------------------------------------------------

ਓਧਰ ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਨੇ ਵੀ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ । ਇਸ ਮੌਕੇ ਉਨ੍ਹਾਂ ਨੇ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਨਾਲ ਹੀ ਪ੍ਰਭਾਵਿਤ ਲੋਕਾਂ ਨਾਲ ਮੁਲਾਕਾਤ ਕੀਤੀ । ਜ਼ਿਲ੍ਹਾ ਪ੍ਰਸ਼ਾਸਨ ਦੇ

ਅਧਿਕਾਰੀਆਂ ਨੇ ਕੇਂਦਰੀ ਰਾਜ ਮੰਤਰੀ ਨੂੰ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਜਾਣਕਾਰੀ ਦਿੱਤੀ ਅਤੇ ਨਾਲ ਹੀ ਸਰਕਾਰ ਵੱਲੋਂ ਚਲਾਏ ਜਾ ਰਹੇ ਰਾਹਤ ਤੇ ਮੁੜਵਸੇਬੇ ਦੇ  ਕਾਰਜਾਂ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ।

 ਪੱਤਰਕਾਰਾਂ ਨਾਲ ਗੱਲ ਕਰਦਿਆਂ ਸ੍ਰੀ ਕੁਰੀਅਨ  ਨੇ ਕਿਹਾ ਕਿ ਹੜ੍ਹ ਕਾਰਨ ਸਰਹੱਦ ਨਾਲ ਲੱਗਦੇ ਖੇਤਰ ਦਾ ਵੱਡਾ ਨੁਕਸਾਨ ਹੋਇਆ ਏ । ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਕੇਂਦਰ ਸਰਕਾਰ, ਪੰਜਾਬ ਦੇ ਨਾਲ ਏ ।BYTE:

-------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬੇ ਦੇ ਸਮੁੱਚੇ ਮੈਡੀਕਲ ਭਾਈਚਾਰੇ ਦੀ ਵਿਆਪਕ ਲਾਮਬੰਦੀ ਦੇ ਹੁਕਮ ਜਾਰੀ ਕਰਦਿਆਂ ਸਾਰੇ ਉਪਲਬਧ ਸਰੋਤਾਂ ਨੂੰ ਕੰਮ ਵਿੱਚ ਲਾਉਣ ਦੇ ਨਿਰਦੇਸ਼ ਦਿੱਤੇ ਨੇ । ਇਸ ਤਹਿਤ ਸਰਕਾਰੀ ਡਾਕਟਰ, ਨਿੱਜੀ ਵਲੰਟੀਅਰ, ਆਯੁਰਵੇਦ ਮੈਡੀਕਲ ਅਫਸਰ ਅਤੇ ਐਮ.ਬੀ.ਬੀ.ਐਸ ਇੰਟਰਨਜ਼ ਸਮੇਤ ਵੱਖ-ਵੱਖ ਸਿਹਤ ਪੇਸ਼ੇਵਰ 2 ਹਜ਼ਾਰ 303 ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ 'ਵਿਸ਼ੇਸ਼ ਸਿਹਤ ਮੁਹਿੰਮ' ਦੀ ਅਗਵਾਈ ਕਰਨਗੇ। ਕੈਬਨਿਟ ਮੰਤਰੀ ਨੇ ਸਿਵਲ ਸਰਜਨਾਂ ਨੂੰ ਹਦਾਇਤ ਕੀਤੀ ਏ  ਕਿ ਉਹ

ਹਰ ਸੰਭਵ ਮੈਡੀਕਲ ਪੇਸ਼ੇਵਰ ਨੂੰ ਸਿਹਤ ਕੈਂਪਾਂ ਅਤੇ ਗਰਾਂ ਤਕ ਜਾਣ ਲਈ ਟੀਮਾਂ ਵਿੱਚ ਸ਼ਾਮਲ ਕਰਦਿਆਂ ਇਹ ਯਕੀਨੀ ਬਣਾਉਣ ਕਿ ਕੋਈ ਵੀ ਪਿੰਡ ਸਿਹਤ ਸੰਭਾਲ ਅਤੇ ਰੋਕਥਾਮ ਸੇਵਾਵਾਂ ਤੋਂ ਵਾਂਝਾ ਨਾ ਰਹੇ ।

ਸਿਹਤ ਮੰਤਰੀ ਨੇ ਕਿਹਾ ਕਿ ਇਸ ਮੁਹਿੰਮ ਨੂੰ ਤਿੰਨ ਮੁੱਖ ਹਿੱਸਿਆਂ 'ਚ ਵੰਡਿਆ ਗਿਆ ਏ , ਜਿਸ ਵਿੱਚ ਪਹਿਲਾ ਅਭਿਆਸ ਸਿਹਤ ਅਤੇ ਮੈਡੀਕਲ ਕੈਂਪ ਏ ਜਿਸ ਤਹਿਤ ਸਾਰੇ 2303 ਪਿੰਡਾਂ ਵਿੱਚ ਰੋਜ਼ਾਨਾ ਮੈਡੀਕਲ ਕੈਂਪ ਲਗਾਏ ਜਾਣਗੇ। ਇਸਦੇ ਨਾਲ ਹੀ ਦੂਜਾ ਅਭਿਆਸ ਆਸ਼ਾ ਵਰਕਰਾਂ ਵੱਲੋਂ ਘਰ-ਘਰ ਦਾ ਦੌਰਾ ਜਿਸ ਤਹਿਤ 11 ਹਜ਼ਾਰ 103 ਤੋਂ ਵੱਧ ਆਸ਼ਾ ਵਰਕਰਾਂ ਦਵਾਈਆਂ ਅਤੇ ਹੋਰ ਜ਼ਰੂਰੀ ਵਸਤਾਂ ਵਾਲੀਆਂ ਸਿਹਤ ਕਿੱਟਾਂ ਵੰਡਣਗੀਆਂ । ਤੀਜੇ ਅਭਿਆਸ ਵਿੱਚ ਸਾਰੇ ਪ੍ਰਭਾਵਿਤ ਪਿੰਡਾਂ ‘ਚ ਅਗਲੇ 21 ਦਿਨਾਂ ਲਈ ਟੀਮਾਂ ਵੱਲੋਂ ਡੇਂਗੂ ਅਤੇ ਮਲੇਰੀਆ ਦੇ ਫੈਲਾਅ ਨੂੰ ਰੋਕਣ ਲਈ ਘਰਾਂ, ਸਕੂਲਾਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਛਿੜਕਾਅ ਵਰਗੀਆਂ ਗਤੀਵਿਧੀਆਂ ਕੀਤੀਆਂ ਜਾਣਗੀਆਂ । ਇਸ ਮੁਹਿੰਮ ਤਹਿਤ ਸਿਹਤ ਸੇਵਾਵਾਂ ਦੀ ਮਜ਼ਬੂਤੀ ਅਤੇ ਮਰੀਜ਼ਾਂ ਦੀ ਪਹੁੰਚ ਲਈ 550 ਤੋਂ ਵੱਧ ਐਂਬੂਲੈਂਸਾਂ ਨੂੰ ਕੰਮ ਵਿੱਚ ਲਗਾਇਆ ਜਾਵੇਗਾ ।

---------------------------------------------------------

ਇਸੇ ਦੌਰਾਨ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵੱਲੋਂ ਪਾਣੀ ਤੋਂ ਹੋਣ

ਵਾਲੀਆਂ ਬੀਮਾਰੀਆਂ ਸਮੇਤ ਗੰਭੀਰ ਜੋਖਮਾਂ ਨੂੰ ਘਟਾਉਣ ਲਈ ਵਿਆਪਕ ਅਤੇ ਸਮਾਂਬੱਧ ਕਾਰਜ ਯੋਜਨਾ ਉਲੀਕੀ ਗਈ ਏ । ਇਨ੍ਹਾਂ ਹੜ੍ਹਾਂ ਦੌਰਾਨ 713 ਪਿੰਡਾਂ ਵਿੱਚ 2 ਲਖ 53 ਹਜ਼ਾਰ ਪਸ਼ੂ ਪ੍ਰਭਾਵਿਤ ਹੋਏ ਨੇ । ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵਿਭਾਗ ਨੇ ਪਸ਼ੂਆਂ ਨੂੰ ਹੜ੍ਹ ਦੇ ਪਾਣੀ ਤੋਂ ਹੋਣ ਵਾਲੀਆਂ ਬੀਮਾਰੀਆਂ ਤੋਂ ਬਚਾਉਣ ਲਈ ਕਾਰਜ ਯੋਜਨਾ ਤਿਆਰ ਕੀਤੀ ਏ । ਇਨ੍ਹਾਂ ਬੀਮਾਰੀਆਂ ਵਿੱਚ ਗਲ ਘੋਟੂ, ਖੁਰ ਰੋਗ, ਥਣਾਂ ਦੀ ਬੀਮਾਰੀ, ਚਿੱਚੜ ਰੋਗ, ਚਮੜੀ ਰੋਗ, ਮੋਕ ਲੱਗਣੀ ਰੋਗਾਂ ਅਤੇ ਪੋਸ਼ਣ ਦੀ ਘਾਟ ਸ਼ਾਮਲ ਏ । ਇਸ ਬਹੁ-ਪੱਖੀ ਮੁਹਿੰਮ ਤਹਿਤ ਪ੍ਰਭਾਵਿਤ ਪਸ਼ੂ ਪਾਲਕਾਂ ਦੀ ਸਹਾਇਤਾ ਲਈ ਸਮੂਹਿਕ ਟੀਕਾਕਰਨ, ਕੀਟਾਣੂ-ਮੁਕਤ ਕਰਨ ਅਤੇ ਐਮਰਜੈਂਸੀ ਦੇਖਭਾਲ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਮੰਤਰੀ ਨੇ ਇਹ ਵੀ ਦੱਸਿਆ ਕਿ ਕਿਸਾਨਾਂ ਲਈ ਨਿਰਵਿਘਨ ਅਤੇ ਮੁਸ਼ਕਲ ਰਹਿਤ ਝੋਨੇ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਸਾਰੀਆਂ ਅਨਾਜ ਮੰਡੀਆਂ ਨੂੰ ਚਾਲੂ ਕਰਨ ਲਈ ਵਿਸ਼ੇਸ਼ ਪੰਜ-ਰੋਜ਼ਾ ਮੁਹਿੰਮ ਸ਼ੁਰੂ ਕੀਤੀ ਗਈ ਏ । ਇਸ ਮੁਹਿੰਮ ਦਾ ਉਦੇਸ਼ ਖੜ੍ਹੇ ਪਾਣੀ ਅਤੇ ਮਲਬੇ ਨੂੰ ਸਾਫ਼ ਕਰਨਾ ਏ ਤਾਂ ਜੋ ਸੂਬੇ ਦੀਆਂ ਸਾਰੀਆਂ ਮੰਡੀਆਂ ਸਾਉਣੀ ਖਰੀਦ ਸੀਜ਼ਨ ਲਈ ਪੂਰੀ ਤਰ੍ਹਾਂ ਕਾਰਜਸ਼ੀਲ ਕੀਤੀਆਂ ਜਾ ਸਕਣ।

------------------------------------------------

ਫ਼ਿਰੋਜਪੁਰ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫਾਸ਼ ਕਰਦਿਆਂ ਇਕ ਵਿਅਕਤੀ ਨੂੰ 15 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਫਿਰੋਜ਼ਪੁਰ ਦੇ ਹਬੀਬਵਾਲਾ ਵਾਸੀ ਸੋਨੂੰ ਸਿੰਘ ਵਜੋਂ ਹੋਈ ਏ ਅਤੇ ਮੁਲਜ਼ਮ ਦਾ ਕੋਈ ਵੀ ਪੁਰਾਣਾ ਅਪਰਾਧਕ ਰਿਕਾਰਡ ਨਹੀਂ ਏ । ਪੁਲਿਸ ਟੀਮਾਂ ਨੇ ਖੁਫੀਆ ਜਾਣਕਾਰੀ ਦੇ  ਅਧਾਰ  ਤੇ ਚਲਾਏ ਆਪ੍ਰੇਸ਼ਨ ਦੌਰਾਨ ਪਿੰਡ ਦੁਲਚੀ ਕੇ ਵਿਖੇ ਨਾਕੇ ਤੋਂ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਡਰੱਗ ਨੈੱਟਵਰਕ ਕਪੂਰਥਲਾ ਜੇਲ੍ਹ ਵਿੱਚ ਬੰਦ ਇੱਕ ਵਿਅਕਤੀ ਵੱਲੋਂ ਚਲਾਇਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਇਹ ਖੇਪ ਪਾਕਿਸਤਾਨ ਅਧਾਰਤ ਤਸਕਰਾਂ ਦੁਆਰਾ ਭੇਜੀ ਗਈ ਸੀ। ਇਸ ਮਾਮਲੇ ਵਿੱਚ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

------------------------------------------------

ਪੰਜਾਬ  ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਨੇ ਕਿਹਾ ਏ ਕਿ ਪੰਜਾਬ ਵਿੱਚ ਵੋਟਰ ਸੂਚੀ ਦੇ ਵਿਸ਼ੇਸ਼ ਸੰਖੇਪ ਸੋਧ  ਦੀ ਸਮਾਂ-ਸਾਰਣੀ ਚੋਣ ਕਮਿਸ਼ਨ ਵੱਲੋਂ ਐਲਾਨ ਨਹੀਂ ਕੀਤੀ ਗਈ ਅਤੇ ਮੀਡੀਆ ਦੇ ਕੁਝ ਹਿੱਸਿਆਂ ਵਿੱਚ

ਆਈ ਖ਼ਬਰ ਸਿਰਫ਼ ਅੰਦਾਜ਼ੇ ਵਾਲੀ ਏ ਅਤੇ ਇਸਨੂੰ ਅਣਡਿੱਠਾ ਕੀਤਾ ਜਾਵੇ । ਇੱਕ ਬੁਲਾਰੇ ਨੇ ਦੱਸਿਆ ਕਿ ਹਾਲਾਂਕਿ, ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਸਾਰੇ ਸੂਬਿਆਂ ਵਿੱਚ ਦੇਸ਼ ਪੱਧਰ ਪੱਧਰ 'ਤੇ ਤਿਆਰੀਆਂ ਚੱਲ ਰਹੀਆਂ ਜੋ ਪੰਜਾਬ ਵਿੱਚ ਵੀ ਕੀਤੀਆਂ ਜਾ ਰਹੀਆਂ ਨੇ ਜਿਸ ਵਿੱਚ ਪਿਛਲੀ ਵੋਟਰ ਸੂਚੀ ਦੇ ਵੋਟਰਾਂ ਅਤੇ ਨਵੀਂ ਵੋਟਰ ਸੂਚੀ ਵਿੱਚ ਮੌਜੂਦਾ ਵੋਟਰਾਂ ਦੀ ਤੁਲਨਾ ਸ਼ਾਮਲ ਏ । ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਸੂਬਿਆਂ ਵਿੱਚ ਅਸਲ ਸਮਾਂ-ਸਾਰਣੀ ਦਾ ਐਲਾਨ ਕਰਨ ਤੋਂ ਪਹਿਲਾਂ ਸਾਰੇ ਕਾਰਕਾਂ ਨੂੰ ਧਿਆਨ ਵਿੱਚ ਰੱਖੇਗਾ।

---------------------------------------------------------------

ਦੁਨੀਆ ਭਰ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਦੇ 20 ਤੋਂ ਵੱਧ ਵਿਸ਼ਵ ਪ੍ਰਸਿੱਧ ਮਾਹਰ 15 ਤੋਂ 19 ਸਤੰਬਰ ਤੱਕ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ 'ਵਿਗਿਆਨ ਅਤੇ ਤਕਨਾਲੋਜੀ ਰਾਹੀਂ ਜੀਵਨ ਨੂੰ ਬਦਲਣਾ' ਵਿਸ਼ੇ ਨਾਲ ਅੰਤਰ-ਰਾਸ਼ਟਰੀ ਵਿਗਿਆਨ ਅਤੇ ਤਕਨਾਲੋਜੀ ਹਫ਼ਤੇ 2025 ਨੂੰ ਸੰਬੋਧਨ ਕਰਨਗੇ। ਪੰਜ ਦਿਨਾਂ ਦੇ ਅਕਾਦਮਿਕ ਸੰਮੇਲਨ ਵਿੱਚ ਬਾਇਓ-ਟੈਕਨਾਲੋਜੀ, ਪਦਾਰਥਕ ਵਿਗਿਆਨ, ਜਲਵਾਯੂ ਪਰਿਵਰਤਨ, AI, ਸਮੇਤ ਹੋਰਨਾਂ ਵਿਸ਼ਿਆਂ 'ਤੇ ਸੈਸ਼ਨ ਹੋਣਗੇ। ਸੈਸ਼ਨ 15 ਤੋਂ ਵੱਧ ਵਿਗਿਆਨਕ ਵਿਸ਼ਿਆਂ ਵਿੱਚ ਹੋਣਗੇ, ਜਿਸ ਵਿੱਚ ਭਾਗੀਦਾਰ 25 ਤੋਂ ਵੱਧ ਦੇਸ਼ਾਂ ਦੀ ਨੁਮਾਇੰਦਗੀ

ਕਰਨਗੇ । ਇਸ ਕਾਨਫਰੰਸ ਵਿੱਚ 600 ਤੋਂ ਵੱਧ ਖੋਜਕਰਤਾ, ਵਿਦਿਆਰਥੀ ਅਤੇ ਉਦਯੋਗ ਪੇਸ਼ੇਵਰ ਹਿੱਸਾ ਲੈਣਗੇ।

---------------------------------------------------

ਟਵੈਂਟੀ -ਟਵੈਂਟੀ ਏਸ਼ੀਆ ਕੱਪ ਕ੍ਰਿਕਟ ਵਿੱਚ, ਅੱਜ ਦੁਬਈ ਵਿੱਚ, ਗਰੁੱਪ-ਏ 'ਚ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ । ਇਹ ਮੈਚ ਰਾਤ 8 ਵਜੇ ਸ਼ੁਰੂ ਹੋਵੇਗਾ। ਦੋਵੇਂ ਟੀਮਾਂ ਇਸ ਸਾਲ ਫਰਵਰੀ ਤੋਂ ਬਾਅਦ, ਪਹਿਲੀ ਵਾਰ ਇੱਕ ਦੂਜੇ ਦੇ ਆਹਮੋ-ਸਾਹਮਣੇ ਹੋਣਗੀਆਂ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-ਭਾਰਤ ਊਰਜਾ ਖੇਤਰ ਵਿੱਚ ਆਤਮ-ਨਿਰਭਰ ਬਣਨ ਦੇ ਮਿਸ਼ਨ 'ਤੇ ਏ ਅਤੇ ਵਿਦੇਸ਼ੀ ਈਂਧਨ 'ਤੇ ਨਿਰਭਰਤਾ ਘਟ ਕਰ ਰਿਹਾ ਏ ।
- ਅੱਜ ਦੇਸ਼ ਭਰ ਵਿੱਚ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਵਲੋਂ ਲੋਕਾਂ ਨੂੰ ਹਿੰਦੀ ਸਮੇਤ ਸਾਰੀਆਂ ਭਾਰਤੀ ਭਾਸ਼ਾਵਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਅਹਿਦ ਲੈਣ ਦੀ ਅਪੀਲ ।
- ਕੇਂਦਰੀ ਰਾਜ ਮੰਤਰੀ ਜਾਰਜ ਕੁਰੀਅਨ ਤੇ ਐਲ. ਮੁਰੂਗਨ ਵੱਲੋਂ ਪੰਜਾਬ ਦੇ ਹੜ ਪ੍ਰਭਾਵਿਤ ਇਲਾਕਿਆਂ ਦਾ ਦੌਰਾ- ਕਿਹਾ ਇਹ

ਸਮਾਂ ਰਾਜਨੀਤੀ ਕਰਨ ਦਾ ਨਹੀਂ ਸਗੋਂ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਖੜ੍ਹੇ ਹੋਣ ਦਾ ਏ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਹੜ੍ਹਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਖਿਲਾਫ ਲੜਾਈ ਲਈ ਸਾਰੇ ਸਰੋਤ ਜੁਟਾਉਣ ਦੇ ਹੁਕਮ ਜਾਰੀ।
- ਫ਼ਿਰੋਜਪੁਰ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫਾਸ਼ ਕਰਦਿਆਂ ਇਕ ਵਿਅਕਤੀ ਨੂੰ 15 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ।
- ਟਵੈਂਟੀ-ਟਵੈਂਟੀ ਏਸ਼ੀਆ ਕੱਪ ਕ੍ਰਿਕਟ ਦੇ ਗਰੁੱਪ-ਏ 'ਚ, ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ - ਮੈਚ ਰਾਤ 8 ਵਜੇ ਖੇਡਿਆ ਜਾਵੇਗਾ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !